# 24 ਬੋਤਲਾਂ ਦੇਸੀ ਸ਼ਰਾਬ ਬਰਾਮਦ

ਸ੍ਰੀ ਕੀਰਤਪੁਰ ਸਾਹਿਬ, 16 ਜਨਵਰੀ (ਬਾਲੀ, ਰਾਜਬੀਰ ਸਿੰਘ)-ਪੁਲਸ ਥਾਣਾ ਸ੍ਰੀ ਕੀਰਤਪੁਰ ਸਾਹਿਬ ਅਧੀਨ ਆਉਂਦੀ ਪੁਲਸ ਚੌਕੀ ਭਰਤਗੜ੍ਹ ਦੀ ਪੁਲਸ ਪਾਰਟੀ ਵਲੋਂ ਬੀਤੀ ਰਾਤ 24 ਬੋਤਲਾਂ ਦੇਸੀ ਸ਼ਰਾਬ ਬਰਾਮਦ ਕਰਨ ਅਤੇ ਅਣਪਛਾਤੇ ਵਿਅਕਤੀ ਖਿਲਾਫ ਮਾਮਲਾ ਦਰਜ ਕਰਨ ਦਾ ਮਾਮਲਾ ਸਾਹਮਣੇ ਆਇਆ ਹੈ ।



ਜਾਣਕਾਰੀ ਦਿੰਦੇ ਹੋਏ ਪੁਲਿਸ ਚੌਕੀਂ ਭਰਤਗੜ੍ਹ ਦੇ ਇੰਚਾਰਜ ਸਬ ਇੰਸਪੈਕਟਰ ਇੰਦਰਜੀਤ ਸਿੰਘ ਨੇ ਦੱਸਿਆ ਕਿ ਬੀਤੀ ਰਾਤ ਉਹ ਆਪਣੀ ਪੁਲਸ ਪਾਰਟੀ ਸਮੇਤ ਗਸ਼ਤ ਦੌਰਾਨ ਨਵਾਂ ਗਰਾਂ ਹਿਮਾਚਲ ਪ੍ਰਦੇਸ਼ ਦੀ ਸਰਹੱਦ ਵਲੋਂ ਭਰਤਗੜ੍ਹ ਵੱਲ ਨੂੰ ਆ ਰਹੇ ਸੀ ।ਜਦੋਂ ਉਹ ਗਊਸ਼ਾਲਾ ਭਰਤਗੜ੍ਹ ਦੇ ਨਜ਼ਦੀਕ ਪਹੁੰਚੇ ਤਾਂ ਸਾਹਮਣੇ ਤੋਂ ਇਕ ਵਿਅਕਤੀ ਜਿਸ ਨੇ ਸਿਰ 'ਤੇ ਬੈਗ ਰੱਖਿਆ ਹੋਇਆ ਸੀ ਆਉਂਦਾ ਦਿਖਾਈ ਦਿੱਤਾ ਨੇ ਪੁਲਸ ਪਾਰਟੀ ਨੂੰ ਦੇਖਦੇ ਹੋਏ ਆਪਣਾ ਬੈਗ ਉਥੇ ਛੱਡ ਕੇ ਹਨ੍ਹੇਰੇ ਦਾ ਫਾਇਦਾ ਲੈਂਦਾ ਹੋਇਆ ਫਰਾਰ ਹੋ ਗਿਆ।

ਬੈਗ ਦੀ ਤਲਾਸ਼ੀ ਲੈਣ 'ਤੇ ਉਸ ਵਿਚੋਂ ਮਾਲਵਾ ਨੰਬਰ 1 ਦੀਆਂ 24 ਬੋਤਲਾਂ ਦੇਸੀ ਸ਼ਰਾਬ ਬਰਾਮਦ ਹੋਈਆਂ।ਪੁਲਸ ਨੇ ਅਣਪਛਾਤੇ ਵਿਅਕਤੀ ਖਿਲਾਫ ਐਕਸਾਈਜ਼ ਐਕਟ ਅਧੀਨ ਮਾਮਲਾ ਦਰਜ ਕਰਕੇ ਅਗਲੀ ਕਾਰਵਾਈ ਸ਼ੁਰੂ ਕਰ ਦਿੱਤੀ ਹੈ।

ਜਗ ਬਾਣੀ ਈ-ਪੇਪਰ
Mon,17 January 2022
Edition: roopnagar bani, Page no. 1